**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਾਰੇ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ (ਬੈੱਵ ਸਾਈਟ ਦੇ ਰਾਹੀਂ)

ਮੀਮੋ ਨੰ 4/9/ਆਈਸੀਟੀ/81305-324
ਮਿਤੀ ਚੰਡੀਗੜ੍ਹ 28 ਦਸੰਬਰ, 2009

ਵਿਸ਼ਾ ਡਾਟ-ਮੈਟਰਿਕਸ ਪ੍ਰਿੰਟਰਜ ਦੀ ਸਾਂਭ ਸੰਭਾਲ ਕਰਨ ਬਾਰੇ ।

1.0 ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ ।

2.0 ਇਹ ਗੱਲ ਧਿਆਨ ਵਿੱਚ ਆਈ ਹੈ ਕਿ ਕਈ ਸਕੂਲਾਂ ਵਿੱਚ ਵਿਭਾਗ ਵੱਲੋਂ ਮੁਹੱਈਆ ਕਰਵਾਏ ਗਏ ਪ੍ਰਿੰਟਰਜ ਕੰਮ ਨਹੀਂ ਕਰ ਰਹੇ ਹਨ। ਇਨ੍ਹਾਂ ਦੇ ਬਾਰੇ ਪੜਤਾਲ ਕਰਵਾਉਣ ਤੋਂ ਬਾਅਦ ਇਹ ਗੱਲ ਸਾਹਮਣੇ ਆਈ ਹੈ ਕਿ ਸਕੂਲਾਂ ਦੇ ਵਿੱਚ ਡਾਟ-ਮੈਟਰਿਕਸ ਪ੍ਰਿੰਟਰ ਦਿੱਤੇ ਹੋਏ ਹਨ ਜਿਨ੍ਹਾਂ ਨੂੰ ਬਹੁਤ ਸਾਂਭ ਸੰਭਾਲ ਦੀ ਲੋੜ ਨਹੀਂ ਹੁੰਦੀ ਪਰੰਤੂ ਕਈ ਸਕੂਲ ਮੁੱਖੀਆਂ ਵੱਲੋਂ ਠੀਕ ਢੰਗ ਨਾਲ ਮੇਨਟੇਨ ਨਹੀਂ ਕਰਵਾਇਆ ਜਾਂਦਾ । ਆਪ ਜੀ ਨੂੰ ਪਤਾ ਹੋਵੇਗਾ ਕਿ ਆਈ.ਸੀ.ਟੀ. (ਪਿਕਟਸ) ਵੱਲੋਂ ਸਕੂਲਾਂ ਨੂੰ ਮੇਨਟੇਨੈਂਸ ਗ੍ਰਾਂਟ ਦਿੱਤੀ ਜਾਂਦੀ ਹੈ । ਇਸ ਮੇਨਟੇਨੈਂਸ ਗ੍ਰਾਂਟ ਵਿੱਚੋਂ ਇਨ੍ਹਾਂ ਪ੍ਰਿੰਟਰਜ ਦੀ ਸਾਂਭ ਸੰਭਾਲ ਬੜੇ ਸੁਚੱਜੇ ਢੰਗ ਨਾਲ ਕਰਵਾਈ ਜਾ ਸਕਦੀ ਹੈ ।

3.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜ਼ਿਲ੍ਹੇ ਦੇ ਸਕੂਲਾਂ ਵਿੱਚ ਜੇਕਰ ਪ੍ਰਿੰਟਰਜ ਨੂੰ ਮੇਨਟੇਨੈਂਟਸਦੀ ਲੋੜ ਹੋਵੇ ਤਾਂ ਲੋੜੀਂਦੀ ਕਾਰਵਾਈ ਕੰਪਿਊਟਰ ਅਧਿਆਪਕ ਨੂੰ ਹਦਾਇਤ ਦੇਣ ਉਪਰੰਤ ਕਰਵਾ ਲਈ ਜਾਵੇ ਅਤੇ ਪ੍ਰਿੰਟਰਜ ਨੂੰ ਚਾਲੂ ਹਾਲਤ ਵਿੱਚ ਰੱਖਿਆ ਜਾਵੇ ਤਾਂ ਜੋ ਦਫਤਰੀ ਕੰਮ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ ।

4.0 ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ ਅਤੇ ਜਿੱਥੇ ਕੋਈ ਦਿੱਕਤ ਮਹਿਸੂਸ ਹੋਵੇ ਤਾਂ ਸਬੰਧਤ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਜਾਂ ਇਸ ਦਫਤਰ ਦੇ ਫੋਨ ਨੰ 0172-66541673 ਤੇ ਮੇਰੇ ਧਿਆਨ ਵਿੱਚ ਲਿਆਂਦਾ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ